Annexure-'A'

# ਦਫਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸਮਝੌਤਾ ਸਦਨ, ਤਰਨ ਤਾਰਨ

(ਫੋਨ ਨੰਬਰ 01852-223291)

## ਪਬਲਿਕ ਨੋਟਿਸ

**"If You have the zeal In you, we need you"**

ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ, ਨਵੀਂ ਦਿੱਲੀ ਦੀ ਸੋਧੀ (Revised) ਪੈਰਾ ਲੀਗਲ ਵਲੰਟੀਅਰ ਸਕੀਮ ਤਹਿਤ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਲਈ ਸਵੈ-ਇੱਛਾ (Voluntarily) ਨਾਲ ਕੰਮ ਕਰਨ ਦੇ ਚਾਹਵਾਨ, **ਜਿਲ੍ਹਾ ਤਰਨ ਤਾਰਨ ਦੇ ਸ਼ਹਿਰੀ ਅਤੇ ਪੇਂਡੂ ਇਲਾਕਿਆਂ ਦੇ ਪੱਕੇ ਵਸਨੀਕ**, ਪੜ੍ਹੇ-ਲਿਖੇ, ਯੋਗ ਅਤੇ ਸਮਾਜ ਸੇਵਾ ਦੀ ਭਾਵਨਾ ਰੱਖਣ ਵਾਲੇ ਵਿਅਕਤੀਆਂ ਵਿੱਚੋਂ ਯੋਗ Para Legal Volunteers ਦੀ ਚੋਣ ਕੀਤੀ ਜਾਣੀ ਹੈ। ਘੱਟੋ-ਘੱਟ ਦਸਵੀਂ ਪਾਸ ਜਾਂ ਇਸ ਤੋਂ ਵੱਧ ਪੜ੍ਹੇ-ਲਿਖੇ ਹੇਠ ਦਰਸਾਈਆਂ ਗਈਆਂ ਕੈਟਾਗਰੀਆਂ ਨਾਲ ਸਬੰਧਤ ਅਜਿਹੇ ਵਿਅਕਤੀ ਜੋ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਜਾਂ ਉਪ ਮੰਡਲ ਪੱਧਰੀ ਕਾਨੂੰਨੀ ਸੇਵਾਵਾਂ ਕਮੇਟੀਆਂ- ਪੱਟੀ ਤੇ ਖਡੂਰ ਸਾਹਿਬ ਲਈ ਸਵੈ-ਇੱਛਾ ਨਾਲ ਬਤੌਰ ਪੈਰਾ ਲੀਗਲ ਵਲੰਟੀਅਰ ਕੰਮ ਕਰਨ ਦੇ ਚਾਹਵਾਨ ਹੋਣ, ਆਪਣੀ ਦਰਖਾਸਤ ਨਾਲ ਨੱਥੀ ਨਿਰਧਾਰਤ ਪ੍ਰੋਫਾਰਮੇ ਤੇ ਮਿਤੀ **17.11.2025 ਬਾਅਦ ਦੁਪਹਿਰ 4:00 ਵਜੇ** ਤੱਕ ਦਫ਼ਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸਮਝੌਤਾ ਸਦਨ, ਤਰਨ ਤਾਰਨ ਵਿੱਚ ਦੇ ਸਕਦੇ ਹਨ:-

* Teachers (including retired teachers).
* Retired Government servants and senior citizens.
* M.S.W. students and teachers.
* Anganwadi Workers.
* Doctors/Physicians.
* Students & Law Students (till they enroll as lawyers).
* Members of non-political, service-oriented NGOs and Clubs.
* Members of Women Neighborhood Groups, Maithri Sanghams and other Self Help Groups including of marginalized/vulnerable groups.
* Educated prisoners with good behavior, serving long term sentences in prisons.
* Any other literate person, preferably matriculate who is interested for Social Service.

ਇਹ ਸਪਸ਼ਟ ਕੀਤਾ ਜਾਂਦਾ ਹੈ ਕਿ ਪੈਰਾ ਲੀਗਲ ਵਲੰਟੀਅਰਜ਼ ਵੱਜੋਂ ਚੁਣੇ ਗਏ ਵਿਅਕਤੀਆਂ ਨੂੰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਵੱਲੋਂ ਸਮੇਂ-ਸਮੇਂ ਸਿਰ ਨਿਰਧਾਰਤ ਕੀਤੇ ਜਾਣ ਵਾਲੇ ਮਾਣ-ਭੱਤੇ (Honorarium) ਤੋਂ ਇਲਾਵਾ ਕਿਸੇ ਕਿਸਮ ਦੀ ਤਨਖਾਹ (Salary) ਜਾਂ ਮਿਹਨਤਾਨਾ/ (Remuneration) ਜਾਂ ਉਜਰਤਾਂ (Wages) ਦੀ ਅਦਾਇਗੀ ਨਹੀਂ ਕੀਤੀ ਜਾਵੇਗੀ ਅਤੇ ਕੇਵਲ ਕੰਮ ਵਾਲੇ ਦਿਨ ਦੀ ਨਿਯਮਾਂ ਅਨੁਸਾਰ ਬਣਦੇ ਮਾਣ-ਭੱਤੇ (Honorarium) ਦੀ ਅਦਾਇਗੀ ਕੀਤੀ ਜਾਵੇਗੀ। ਚੁਣੇ ਗਏ ਪੈਰਾ ਲੀਗਲ ਵਲੰਟੀਅਰਜ਼ ਨੂੰ ਸਮੇਂ-ਸਮੇਂ ਲੋੜ ਅਨੁਸਾਰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਜਾਂ ਉਪ ਮੰਡਲ ਪੱਧਰੀ ਕਾਨੂੰਨੀ ਸੇਵਾਵਾਂ ਕਮੇਟੀਆਂ-ਪੱਟੀ ਅਤੇ ਖਡੂਰ ਸਾਹਿਬ ਦੀਆਂ ਵੱਖ-ਵੱਖ ਗਤੀਵਿਧੀਆਂ ਲਈ ਕੰਮ ਸੌਂਪੇ ਜਾ ਸਕਦੇ ਹਨ ।

ਵਿਸ਼ੇਸ਼ ਨੋਟ :-

- **ਅਪਲਾਈ ਕਰਨ ਵਾਲੇ ਉਮੀਦਵਾਰ ਦੇ ਖਿਲਾਫ ਕਿਸੇ ਵੀ ਨਿਆਂਇਕ ਅਦਾਲਤ ਵਿੱਚ ਕੋਈ ਸਿਵਲ ਜਾਂ ਫੌਜਦਾਰੀ ਕੇਸ ਲੰਬਤ ਨਹੀਂ ਹੋਣਾ ਚਾਹੀਦਾ ਅਤੇ ਨਾ ਹੀ ਉਮੀਦਵਾਰ ਨੂੰ ਕਿਸੇ ਕੇਸ ਵਿੱਚ ਕਿਸੇ ਨਿਆਂਇਕ ਅਦਾਲਤ ਵੱਲੋਂ ਕਦੇ ਕੋਈ ਸਜ਼ਾ ਸੁਣਾਈ ਗਈ ਹੋਵੇ।**
- **ਅਪਲਾਈ ਕਰਨ ਵਾਲੇ ਉਮੀਦਵਾਰ ਕਿਸੇ ਵੀ ਸਿਆਸੀ ਪਾਰਟੀ ਦੇ ਸਰਗਰਮ ਸਿਆਸੀ ਉਤਸ਼ਾਹੀ (active political enthusiast) ਨਹੀਂ ਹੋਣੇ ਚਾਹਿਦੇ।**

ਮਿਤੀ:

ਚੇਅਰਮੈਨ
ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ,
ਤਰਨ ਤਾਰਨ।



Scanned with OKEN Scanner

## ਪੈਰਾ ਲੀਗਲ ਵਲੰਟੀਅਰ ਬਣਨ ਲਈ ਦਰਖ਼ਾਸਤ ਭੇਜਣ ਲਈ ਪ੍ਰੋਫਾਰਮਾ

| | | |
|---|---|---|
| 1. ਨਾਮ | : | ________________ |
| 2. ਪਿਤਾ/ਪਤੀ ਦਾ ਨਾਮ | : | ________________ |
| 3. ਜਨਮ ਮਿਤੀ (dd/mm/yyyy) | : | ________________ |
| 4. ਕੈਟਾਗਰੀ (SC/ST/BC/Minority) (ਸਵੈ-ਤਸਦੀਕ ਕਾਪੀ ਨੱਥੀ ਕੀਤੀ ਜਾਵੇ) | : | ________________ |
| 5. ਘਰ ਦਾ ਪੱਕਾ ਪਤਾ (ਦਸਤਾਵੇਜ ਦੀ ਸਵੈ-ਤਸਦੀਕ ਕਾਪੀ ਨੱਥੀ ਕੀਤੀ ਜਾਵੇ) | : | ________________ |
| 6. ਪੱਤਰ-ਵਿਹਾਰ ਲਈ ਪਤਾ | : | ________________ |
| 7. ਵਿੱਦਿਅਕ ਯੋਗਤਾਵਾਂ (ਦਸਤਾਵੇਜਾਂ ਦੀਆਂ ਸਵੈ-ਤਸਦੀਕ ਕਾਪੀਆਂ ਨੱਥੀ ਕੀਤੀਆਂ ਜਾਣ) | : | ________________ |
| 8. ਕੰਮ ਦਾ ਖੇਤਰ | : | ________________ |
| 9. ਤਜ਼ਰਬਾ (ਜੇਕਰ ਕੋਈ ਹੋਵੇ) (ਸਵੈ-ਤਸਦੀਕ ਕਾਪੀ ਨੱਥੀ ਕੀਤੀ ਜਾਵੇ) | : | ________________ |
| 10. ਕਿੱਥੇ ਕੰਮ ਕਰਨ ਦੇ ਇੱਛਕ ਹੋ (ਜ਼ਿਲ੍ਹਾ/ਉਪ ਮੰਡਲ ਤੇ) | : | ________________ |
| 11. ਮੋਬਾਇਲ ਨੰਬਰ (Mandatory) | : | ________________ |
| 12. ਈ.ਮੇਲ.ਆਈ.ਡੀ. | : | ________________ |

ਇੱਥੇ ਸਵੈ ਤਸਦੀਕ ਫੋਟੋ ਚਿਪਕਾਈ ਜਾਵੇ

ਮਿਤੀ:

ਸਥਾਨ:

ਉਮੀਦਵਾਰ ਦੇ ਹਸਤਾਖ਼ਰ

**<u>ਸਵੈਘੋਸ਼ਣਾ</u>**

- ਮੈਂ ਘੋਸ਼ਣਾ ਕਰਦਾ ਹਾਂ ਕਿ ਮੇਰੇ ਖਿਲਾਫ ਕਿਸੇ ਵੀ ਨਿਆਂਇਕ ਅਦਾਲਤ ਵਿੱਚ ਕੋਈ ਵੀ ਸਿਵਲ ਜਾਂ ਫੌਜਦਾਰੀ ਮੁਕੱਦਮਾਂ ਲੰਬਤ ਨਹੀਂ ਹੈ ਅਤੇ ਨਾ ਹੀ ਮੈਨੂੰ ਕਦੇ ਕਿਸੇ ਵੀ ਕੇਸ ਵਿੱਚ ਕਿਸੇ ਵੀ ਨਿਆਂਇਕ ਅਦਾਲਤ ਵੱਲੋਂ ਕੋਈ ਸਜ਼ਾ ਸੁਣਾਈ ਗਈ ਹੈ।
- ਮੈ ਘੋਸ਼ਣਾ ਕਰਦਾ ਹਾਂ ਕਿ ਮੈਂ ਕਿਸੇ ਵੀ ਸਿਆਸੀ ਪਾਰਟੀ ਦਾ ਸਰਗਰਮ ਸਿਆਸੀ ਉਤਸ਼ਾਹੀ ਨਹੀਂ ਹਾਂ।

ਮਿਤੀ:

ਸਥਾਨ:

ਉਮੀਦਵਾਰ ਦੇ ਹਸਤਾਖ਼ਰ



Scanned with OKEN Scanner